ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-286411

ਸ਼੍ਰੀ ਰਕੇਸ਼ ਕੁਮਾਰ, (98788-27747 )
ਪੁੱਤਰ ਲੇਟ ਸ਼੍ਰੀ ਸੋਹਨ ਲਾਲ,
ਵਾਸੀ ਮਕਾਨ ਨੰ:1508,
ਨਾਲੀ ਮੁਹੱਲਾ, ਸੋਸ਼ਲ ਨਗਰ,
ਦੀਪਕ ਸਿਨੇਮਾ ਰੋਡ,
ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ੍ਰ ਨਗਰ ਨਿਗਮ,
ਲਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ੍ਰ ਨਗਰ ਨਿਗਮ,
ਲਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2910 ਆਫ 2018**

**ਹਾਜ਼ਰ:-** 1) ਸ਼੍ਰੀ ਰਕੇਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋ ਕੋਈ ਨਹੀਂ।

**ਹਕਮ:**

ਅੱਜ ਪੇਸ਼ੀ ਸਮੇਂ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਜਲਦੀ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਪਿਛਲੀ ਪੇਸ਼ੀ ਤੇ ਵੀ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਰਪੱਖ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2926 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ ਰਾਹੀਂ ਇੱਕ ਪੱਤਰ ਨੰ:1395, ਮਿਤੀ 18-12-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਦੇ ਸਟਾਫ ਦੀ ਡਿਊਟੀ ਪੰਚਾਇਤੀ ਚੋਣਾਂ ਵਿੱਚ ਲੱਗੀ ਹੋਈ ਹੈ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ ਤੇ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ ਅਤੇ ਵਾਰ-ਵਾਰ ਪੇਸ਼ੀ ਲਈ ਸਮਾਂ ਮੰਗ ਕੇ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰਨ ਤੋਂ ਗੁਰੇਜ਼ ਕੀਤਾ ਜਾਵੇ।। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 23-01-2019 ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 18 ਦਸੰਬਰ, 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2927 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ ਰਾਹੀਂ ਇੱਕ ਪੱਤਰ ਨੰ:1395, ਮਿਤੀ 18-12-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਦੇ ਸਟਾਫ ਦੀ ਡਿਊਟੀ ਪੰਚਾਇਤੀ ਚੋਣਾਂ ਵਿੱਚ ਲੱਗੀ ਹੋਈ ਹੈ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ ਤੇ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ ਅਤੇ ਵਾਰ-ਵਾਰ ਪੇਸ਼ੀ ਲਈ ਸਮਾਂ ਮੰਗ ਕੇ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰਨ ਤੋਂ ਗੁਰੇਜ਼ ਕੀਤਾ ਜਾਵੇ।। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 23-01-2019 ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 18 ਦਸੰਬਰ, 2018. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2928 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ ਰਾਹੀਂ ਭੇਜੀ ਗਈ ਈ.ਮੇਲ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ ਰਾਹੀਂ ਇੱਕ ਪੱਤਰ ਨੰ:1395, ਮਿਤੀ 18-12-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਨਗਰ ਕੌਂਸਿਲ, ਮੁੱਲਾਂਪੁਰ ਦਾਖਾ ਦੇ ਸਟਾਫ ਦੀ ਡਿਊਟੀ ਪੰਚਾਇਤੀ ਚੋਣਾਂ ਵਿੱਚ ਲੱਗੀ ਹੋਈ ਹੈ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ ਤੇ ਵੀ ਕੋਈ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ ਅਤੇ ਵਾਰ-ਵਾਰ ਪੇਸ਼ੀ ਲਈ ਸਮਾਂ ਮੰਗ ਕੇ ਕਮਿਸ਼ਨ ਦਾ ਕੀਮਤੀ ਸਮਾਂ ਬਰਬਾਦ ਕਰਨ ਤੋਂ ਗੁਰੇਜ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 23-01-2019 ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਗੁਰਪਾਲ ਸਿੰਘ, (97818-00638)
ਮਕਾਨ ਨੰ:ਐਚ.ਐਲ.-638, ਫੇਸ-9,
ਮੁਹਾਲੀ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ, ਸੈਕਟਰ-69,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬ ਨਰਸਿਜ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ, ਸੈਕਟਰ-69,
ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3136 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮਿਨਾਕਸ਼ੀ, ਸੀਨੀਅਰ ਸਹਾਇਕ (98880-66127)।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਮਿਨਾਕਸ਼ੀ, ਸੀਨੀਅਰ ਸਹਾਇਕ ਨੇ ਪੱਤਰ ਨੰ:ਪੀ.ਐਨ.ਆਰ.ਸੀ./2018/355, ਮਿਤੀ 21-11-2018 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਲਿਖਿਆ ਗਿਆ ਹੈ ਕਿ ਉਸ ਵੱਲੋਂ ਮੰਗੀ ਸੂਚਨਾ ਜੋ ਕਿ ਕਰਮਚਾਰੀਆਂ ਦੇ ਵਿਰੁੱਧ ਸ਼ਿਕਾਇਤਾਂ ਹਨ, ਉਹ ਕਿਸੇ ਕੰਮ-ਕਾਜ ਵਾਲੇ ਦਿਨ ਉਨ੍ਹਾਂ ਦੇ ਦਫਤਰ ਜਾ ਕੇ ਵੇਖ ਸਕਦਾ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਨਿਯਮਾਂ ਅਨੁਸਾਰ ਲੋੜੀਂਦੀ ਫੀਸ ਜਮ੍ਹਾਂ ਕਰਵਾ ਕੇ ਪ੍ਰਾਪਤ ਕਰ ਲਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-01-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 18 ਦਸੰਬਰ, 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਬਠਿੰਡਾ। -----ਉੱਤਰਦਾਤਾ

**ਅਪੀਲ ਕੇਸ ਨੰ:3415 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ (94633-73583) ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-04-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕੌਂਸਿਲ ਦੀ ਅਮਦਨ ਖਰਚ ਦੀ ਜਨਰਲ ਕੈਸ਼ ਬੁੱਕ ਅਤੇ ਗਰਾਂਟਸ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-11-2018 ਨੂੰ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਿਆਨ ਚੰਦ, ਕਲਰਕ ਨੇ ਪੱਤਰ ਨੰ:455-456, ਮਿਤੀ 31-05-2018 ਦੀ ਦਫਤਰੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਮਿਤੀ 31-05-2018 ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਨੁਕਤਾ ਨੰ:1, 2 ਅਤੇ 3 ਬਾਰੇ ਪੂਰੀ ਸੂਚਨਾ ਮਿਲ ਗਈ ਹੈ ਪਰੰਤੂ ਨੁਕਤਾ ਨੰ:4,5 ਅਤੇ 6 ਬਾਰੇ ਅਧੂਰੀ ਸੂਚਨਾ ਦਿੱਤੀ ਗਈ ਹੈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਵੀ ਸਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਜੋਗਾ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ,ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ,ਪੰਜਾਬ,
ਬਠਿੰਡਾ। -----ਉੱਤਰਦਾਤਾ

**ਅਪੀਲ ਕੇਸ ਨੰ: 3417 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਨਿਲ ਕੁਮਾਰ, ਜੂਨੀਅਰ ਸਹਾਇਕ (97808-88140)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-04-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਜੋਗਾ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 15-07-2017 ਤੋਂ 04-04-2018 ਤੱਕ ਦੇ ਸਮੇਂ ਦੀਆਂ ਜਨਰਲ ਕੈਸ਼ ਬੁੱਕ, ਗਰਾਂਟਸ ਕੈਸ਼ ਬੁੱਕ ਅਤੇ ਸਰਕਾਰੀ ਫੰਡਾਂ ਦੀ ਕੈਸ਼ ਬੁੱਕ ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਮਿਤੀ 19-11-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਨਿਲ ਕੁਮਾਰ, ਜੂਨੀਅਰ ਸਹਾਇਕ ਨੇ ਪੱਤਰ ਨੰ:300, ਮਿਤੀ 10-04-2018 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵਲੋਂ ਮਿਤੀ 10-04-2018 ਨੂੰ ਅਪੀਲਕਰਤਾ ਨੂੰ ਸੂਚਨਾ ਲਈ ਬਣਦੀ ਫੀਸ 50/-ਰੁਪਏ (ਕੇਵਲ ਪੰਜਾਹ ਰੁਪਏ) ਜਮ੍ਹਾਂ ਕਰਾਉਣ ਵਾਸਤੇ ਲਿਖਿਆ ਗਿਆ ਸੀ ਪਰੰਤੂ ਉਸ ਵੱਲੋਂ ਫੀਸ ਜਮ੍ਹਾਂ ਨਹੀਂ ਕਰਵਾਈ ਗਈ ਜਿਸ ਕਾਰਨ ਨੂੰ ਸੂਚਨਾ ਨਹੀਂ ਦਿੱਤੀ ਜਾ ਸਕੀ। ਉੱਤਰਦਾਤਾ ਵੱਲੋਂ ਸਮੇਂ ਸਿਰ ਅਪੀਲਕਰਤਾ ਨੂੰ

ਚਲਦਾ---ਪੰਨਾ/2

<u>**ਅਪੀਲ ਕੇਸ ਨੰ:** 3417 **ਆਫ਼** 2018</u>

ਫੀਸ ਜਮ੍ਹਾਂ ਕਰਾਉਣ ਵਾਸਤੇ ਲਿਖਿਆ ਗਿਆ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ, ਨਿਯਮਾਂ ਅਨੁਸਾਰ ਲੋੜੀਂਦੀ ਫੀਸ ਜਮ੍ਹਾਂ ਕਰਵਾ ਕੇ ਪ੍ਰਾਪਤ ਕਰ ਲਈ ਜਾਵੇ। ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਵਾਸਤੇ ਨਿਯਮਾਂ ਅਨੁਸਾਰ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਉਪਰੰਤ ਸੂਚਨਾ ਮੁਹੱਈਆ ਕਰ ਦਿੱਤੀ ਜਾਵੇ। ਇਸ ਹਦਾਇਤ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ <u>**ਅਪੀਲ ਕੇਸ ਦਾਖਲ ਦਫ਼ਤਰ**</u> ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 18 **ਦਸੰਬਰ,** 2018. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਂਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ: 3418 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ (94633-73583) ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-04-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 03-08-2017 ਤੋਂ 20-04-2018 ਤੱਕ ਦੇ ਸਮੇਂ ਦੀਆਂ ਨਕਸ਼ਾ ਫੀਸਾਂ ਦੀ ਵਸੂਲੀ ਅਤੇ ਐਨ.ਓ.ਸੀ. ਜਾਰੀ ਕਰਨ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਮਿਤੀ 19-11-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਿਆਨ ਚੰਦ, ਕਲਰਕ ਨੇ ਕਿਹਾ ਹੈ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਲੰਬੀ (Lengthy) ਹੋਣ ਕਾਰਨ ਤਿਆਰ ਨਹੀਂ ਕੀਤੀ ਜਾ ਸਕੀ। ਇਸ ਲਈ ਉਸ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 18 ਦਸੰਬਰ, 2018. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ:3419 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਿਆਨ ਚੰਦ, ਕਲਰਕ (94633-73583) ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-03-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-06-2016 ਤੋਂ 21-03-2018 ਤੱਕ ਨਕਸ਼ਾ ਫਾਈਲ ਰਸੀਦਾਂ ਜਾਰੀ ਕਰਨ ਉਪਰੰਤ ਦਰਜ ਕਰਨ ਵਾਲੇ ਰਜਿਸਟਰ ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਮਿਤੀ 19-11-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਿਆਨ ਚੰਦ, ਕਲਰਕ ਨੇ ਕਿਹਾ ਹੈ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਲੰਬੀ (Lengthy) ਹੋਣ ਕਾਰਨ ਤਿਆਰ ਨਹੀਂ ਕੀਤੀ ਜਾ ਸਕੀ। ਇਸ ਲਈ ਉਸ ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜਿੰਦਰ ਕੁਮਾਰ, (98889-79250)
ਪੁੱਤਰ ਸ਼ੀ ਮੇਹਰ ਚੰਦ,
ਵਾਰਡ ਨੰ:2, ਸੁਪਰੀਮ ਐਨਕਲੇਵ,
ਨੇੜੇ ਵਿਸ਼ਵਕਰਮਾ ਭਵਨ,
ਲਿੰਕ ਰੋਡ, ਮਾਨਸਾ-151505. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਕਮਿਸ਼ਨਰ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ: 3420 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜਿੰਦਰ ਕੁਮਾਰ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-06-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਪਵਨਦੀਪ ਸਿੰਘ ਪੁੱਤਰ ਸ਼੍ਰੀ ਛੋਟਾ ਸਿੰਘ, ਵਾਸੀ ਵਾਰਡ ਨੰ:11 ਮਾਨਸਾ ਦੀ ਦਰਖਾਸਤ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਮਿਤੀ 19-11-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਵੱਲੋਂ ਪੰਚਾਇਤੀ ਚੋਣਾਂ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੰ:655/ਆਰ.ਟੀ.ਆਈ., ਮਿਤੀ 17-12-2018 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੰਚਾਇਤੀ ਚੋਣਾਂ ਤੋਂ ਬਾਅਦ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਸਤੀਸ਼ ਕੁਮਾਰ, (94172-52698)
ਮਕਾਨ ਨ:143-ਏ,
ਅਗਰ ਨਗਰ,
ਲੁਧਿਆਣਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ ਆਫ਼ ਫ਼ੈਕਟਰੀਜ਼,
ਪੰਜਾਬ, ਮੁਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ 1184 ਆਫ਼ 2018**

**ਹਾਜ਼ਰ:-**

1) ਸ਼੍ਰੀ ਸਤੀਸ਼ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ ਵਲੋ ਸ਼੍ਰੀਮਤੀ ਪਰਮਦੀਪ ਕੌਰ, ਸੁਪਰਡੰਟ ਗ੍ਰੇਡ-2(97801-96637)।

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਆਫ਼ ਫ਼ੈਕਟਰੀਜ਼, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਪ੍ਰਮੁੱਖ ਸਕੱਤਰ, ਕਿਰਤ, ਪੰਜਾਬ ਵੱਲੋਂ ਸ਼੍ਰੀ ਦਵਾਰਕਾ ਦਾਸ, ਸਹਾਇਕ ਡਾਇਰੈਕਟਰ, ਫੈਕਟਰੀਜ਼ ਵਿਰੁੱਧ ਆਪਣੇ ਅਰਧ-ਸਰਕਾਰੀ ਪੱਤਰ ਨੰ:2050, ਮਿਤੀ 17-09-2018 ਰਾਹੀਂ ਮਾਰਕ ਕੀਤੀ ਗਈ ਪੜਤਾਲ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਪਹਿਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11:30 ਵਜੇ ਲਈ ਮਿਤੀ 28-11-2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਪਰਮਦੀਪ ਕੌਰ, ਸੁਪਰਡੰਟ ਗ੍ਰੇਡ-2 ਨੇ ਪੱਤਰ ਨੰ:ਡਫ/ਅਮਲਾ/ਆਰ.ਟੀ.ਆਈ./2018/10437, ਮਿਤੀ 18-12-2018, ਸਮੇਤ ਸੂਚਨਾ, ਪੇਸ਼ ਕੀਤਾ ਹੈ, ਜਿਸ ਦੀ ਇੱਕ ਕਾਪੀ ਸਮੇਤ ਸੂਚਨਾ, ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਹੈ। ਸ਼ਿਕਾਇਤਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹੰਸ ਰਾਜ, (94638-35330)
ਐਂਟੀ ਕੁਰੱਪਸ਼ਨ ਯੰਗ ਐਜੂਕੇਸ਼ਨ ਸੁਸਾਇਟੀ (ਰਜਿਸਟਰਡ),
ਮੋਗਾ (ਪੰਜਾਬ) #C/o 70,
ਜ਼ਿਲ੍ਹਾ ਅਦਾਲਤ, ਮੋਗਾ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:660 ਆਫ਼ 2018**

**ਹਾਜ਼ਰ:**

1) ਸ਼੍ਰੀ ਹੰਸ ਰਾਜ, ਸ਼ਿਕਾਇਤਕਰਤਾ ਖੁਦ ਹਾਜ਼ਰ ਹੋਇਆ।
2) ਉੱਤਰਦਾਤਾ ਵੱਲੋਂ ਸ਼੍ਰੀ ਗੁਰਪਾਲ ਸਿੰਘ, ਸੀਨੀਅਰ ਸਹਾਇਕ (98764-01203) ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 7-4-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ, ਫ਼ਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਡਾਇਰੀ ਨੰ:624 ਤੇ ਮਿਤੀ 09/03/2018 ਨੂੰ ਦਿੱਤੀ ਗਈ ਦਰਖਾਸਤ, ਮਿਤੀ 15-03-2018 ਨੂੰ ਦਿੱਤੇ ਗਏ ਪੱਤਰ ਨੰ:ਜ-2/2018-97-99 ਅਤੇ ਆਰੀਆ ਮਾਡਲ ਹਾਈ ਸਕੂਲ, ਨਿਊ ਟਾਊਨ, ਗਲੀ ਨੰ:2 ਮੋਗਾ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਉਸ ਵੱਲੋਂ ਮਿਤੀ 14-06-2018 ਨੂੰ ਕਮਿਸ਼ਨ ਵਿਖੇ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26.7.2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 22-8-2018 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਮਿਤੀ 22.8.2018 ਨੂੰ ਸਰਕਾਰ ਵੱਲੋਂ ਗਜਟਿਡ ਛੁੱਟੀ ਘੋਸ਼ਿਤ ਕਰਨ ਕਾਰਨ ਇਸ ਕੇਸ ਦੀ ਸੁਣਵਾਈ ਮਿਤੀ 12.9.2018 ਨੂੰ ਨਿਸਚਿਤ ਕੀਤੀ ਗਈ ਸੀ।

2) ਪੇਸ਼ੀ, ਮਿਤੀ 12.9.2018 ਤੇ ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰ-ਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਪੂਰੀ ਸੂਚਨਾ ਨਹੀਂ ਮਿਲੀ ।ਸ਼ਿਕਾਇਤਕਰਤਾ ਹੰਸ ਰਾਜ ਨੇ ਆਰੀਆ ਮਾਡਲ ਹਾਈ ਸਕੂਲ ਮੋਗਾ ਦੀ ਪਹਿਲਾਂ ਇੱਕ ਸ਼ਿਕਾਇਤ ਮਿਤੀ 24-05-2017 ਨੂੰ ਕਮਿਸ਼ਨਰ ਫ਼ਿਰੋਜ਼ਪੁਰ ਡਿਵੀਜ਼ਨ ਨੂੰ ਕੀਤੀ ਸੀ ਜਿਸ ਦੀ ਚੈਕਿੰਗ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਮੰਡਲ ਫ਼ਰੀਦਕਕੋਟ ਦੀ ਡਿਊਟੀ ਲਗਾਈ ਗਈ ਸੀ। ਸ਼ਿਕਾਇਤਕਰਤਾ ਮੁਤਾਬਿਕ ਉਸ ਨੇ ਮਿਤੀ 21.6.2017 ਨੂੰ ਉਕਤ ਸਕੂਲ ਦੀ ਚੈਕਿੰਗ ਕਰ ਕੇ 11 ਕਮੀਆਂ ਪਾਈਆਂ ਸਨ ਤੇ ਆਪਣੀ ਰਿਪੋਰਟ ਪੱਤਰ ਨੰ 866-67 ਮਿਤੀ 14.8.2017 ਰਾਹੀਂ ਕਮਿਸ਼ਨਰ ਫ਼ਿਰੋਜ਼ਪੁਰ ਡਿਵੀਜ਼ਨ ਨੂੰ ਭੇਜੀ ਸੀ। ਸ਼ਿਕਾਇਤਕਰਤਾ ਮੁਤਾਬਕ ਕਮਿਸ਼ਨਰ ਮੰਡਲ ਫ਼ਿਰੋਜ਼ਪੁਰ, ਫ਼ਿਰੋਜ਼ਪੁਰ ਨੇ ਕਾਰਵਾਈ ਕਰਨ ਲਈ ਮੰਡਲ ਸਿੱਖਿਆ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:660 ਆਫ਼ 2018**

ਅਫ਼ਸਰ, ਫ਼ਰੀਦਕੋਟ ਮੰਡਲ, ਫ਼ਰੀਦਕੋਟ ਦੀ ਡਿਊਟੀ ਲਗਾਈ ਸੀ। ਸ਼ਿਕਾਇਤਕਰਤਾ ਅਨੁਸਾਰ ਮੰਡਲ ਸਿੱਖਿਆ ਅਫ਼ਸਰ, ਫ਼ਰੀਦਕੋਟ ਮੰਡਲ, ਫ਼ਰੀਦਕੋਟ ਆਰੀਆ ਮਾਡਲ ਹਾਈ ਸਕੂਲ ਜਾ ਕਿ ਉਨ੍ਹਾਂ ਨਾਲ ਮਿਲੀਭੁਗਤ ਕਰ ਕੇ ਉਨ੍ਹਾਂ ਨੂੰ ਕਲੀਨ ਚਿੱਟ ਦਿੰਦੇ ਹੋਏ ਮਿਤੀ 4.10.2017 ਨੂੰ ਰਿਪੋਰਟ ਕਮਿਸ਼ਨਰ ਮੰਡਲ ਫ਼ਿਰੋਜ਼ਪੁਰ, ਫ਼ਿਰੋਜ਼ਪੁਰ ਨੂੰ ਭੇਜ ਦਿੱਤੀ ਗਈ ਸੀ। ਪ੍ਰਾਰਥੀ ਨੇ ਦੁਬਾਰਾ ਮਿਤੀ 1/2/2018 ਨੂੰ ਇਹ ਸ਼ਿਕਾਇਤ ਕਮਿਸ਼ਨਰ ਨੂੰ ਕੀਤੀ ਸੀ ਤੇ ਉਨ੍ਹਾਂ ਵਲੋ ਮੰਡਲ ਸਿੱਖਿਆ ਅਫ਼ਸਰ, ਫ਼ਰੀਦਕੋਟ ਮੰਡਲ ਫ਼ਰੀਦਕੋਟ ਨੂੰ ਲਿਖਤੀ ਆਦੇਸ਼ ਕੀਤੇ ਗਏ ਸਨ ਕਿ ਉਹ ਖੁਦ ਜਾ ਕੇ ਸ਼ਿਕਾਇਤਕਰਤਾ ਨੂੰ ਨਾਲ ਬਿਠਾ ਕੇ ਮੀਟਿੰਗ ਕਰਨ। ਪਰ ਉਸ ਵਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ।

3) ਸ਼ਿਕਾਇਤਕਰਤਾ ਨੇ ਆਰ.ਟੀ.ਆਈ. ਅਰਜ਼ੀ ਰਾਹੀਂ ਮੰਗੀ ਗਈ 4 ਨੁਕਤਿਆਂ ਬਾਰੇ ਸੂਚਨਾ ਦੇ ਸਬੰਧ ਵਿੱਚ ਦਫ਼ਤਰ ਕਮਿਸ਼ਨਰ ਫ਼ਿਰੋਜਪੁਰ, ਮੰਡਲ ਫ਼ਿਰੋਜਪੁਰ ਵੱਲੋਂ ਆਪਣੇ ਪੱਤਰ ਨੰ:ਜੀ.1.2018/3576, ਮਿਤੀ 20-08-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਨੁਕਤਾ ਨੰ:1 ਅਤੇ 2 ਬਾਰੇ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:ਆਰ.ਟੀ.ਆਈ./2018/1855, ਮਿਤੀ 01-05-2018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਨੁਕਤਾ ਨੰ:3 ਅਤੇ 4 ਦਾ ਸਬੰਧ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਮੋਗਾ ਨਾਲ ਹੋਣ ਕਾਰਨ ਉਸ ਦੀ ਆਰ.ਟੀ.ਆਈ. ਅਰਜ਼ੀ ਉਨ੍ਹਾਂ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ ਜਿਸ ਦੀ ਪਹਿਲੀ ਅਪੀਲੀ ਅਥਾਰਟੀ ਕਮਿਸ਼ਨਰ, ਫ਼ਿਰੋਜਪੁਰ, ਮੰਡਲ ਫ਼ਿਰੋਜਪੁਰ ਹੈ। ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਮੋਗਾ ਨੇ ਸ਼ਿਕਾਇਤਕਰਤਾ ਨੂੰ ਕੋਈ ਉੱਤਰ ਨਹੀ ਦਿੱਤਾ ਸੀ। ਅਸਲ ਵਿੱਚ ਸ਼ਿਕਾਇਤਕਰਤਾ ਇਹ ਜਾਣਨਾ ਚਾਹੁੰਦਾ ਸੀ ਕਿ ਕਮਿਸ਼ਨਰ ਨੇ ਜਿਹੜੀ ਡਿਊਟੀ ਮੰਡਲ ਸਿੱਖਿਆ ਅਫ਼ਸਰ, ਫ਼ਰੀਦਕੋਟ ਮੰਡਲ ਫ਼ਰੀਦਕੋਟ ਦੀ ਲਾਈ ਗਈ ਸੀ ਉਨ੍ਹਾਂ ਵਲੋਂ ਕੀ ਕਾਰਵਾਈ ਕੀਤੀ ਗਈ ਸੀ। ਇਸ ਕਰ ਕੇ ਦਫ਼ਤਰ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਹਦਾਇਤ ਕੀਤੀ ਗਈ ਸੀ ਕਿ ਜਿਹੜੀ ਵੀ ਕਾਰਵਾਈ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਮੋਗਾ ਨੇ ਕੀਤੀ ਸੀ ਜਾਂ ਉਸ ਦੀ ਦਰਖਾਸਤ ਤੇ ਉਨ੍ਹਾਂ ਵੱਲੋਂ ਕੀਤੀ ਗਈ ਸੀ, ਉਸ ਦੀ ਵਿਸਥਾਰ ਸਹਿਤ ਡੇਟ-ਵਾਈਜ਼ ਰਿਪੋਰਟ ਬਣਾ ਕੇ ਖੁਦ ਹਾਜ਼ਰ ਹੋ ਕੇ ਕਮਿਸ਼ਨ ਵਿਚ ਪੇਸ਼ ਕੀਤੀ ਜਾਵੇ ਤਾਂ ਕਿ ਇਸ ਕੇਸ ਦਾ ਨਿਪਟਾਰਾ ਕੀਤਾ ਜਾ ਸਕੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 9-10-2018 ਨੂੰ ਸਵੇਰੇ 11.30 ਵਜੇ ਨਿਸ਼ਚਿਤ ਕੀਤਾ ਗਿਆ ਸੀ।

4. ਪਿਛਲੀ ਪੇਸ਼ੀ ਮਿਤੀ, 09-10-2018 ਤੇ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਸੀ ਕਿ ਆਰ.ਟੀ.ਆਈ. ਦੇ ਨੁਕਤਾ ਨੰ:1 ਸਬੰਧੀ ਸੂਚਨਾ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਭੇਜੀ ਜਾ ਚੁੱਕੀ ਹੈ ਅਤੇ ਨੁਕਤਾ ਨੰ:2 ਬਾਰੇ ਸੂਚਨਾ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤੀ ਜਾਵੇਗੀ। ਪਰੰਤੂ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਨੁਕਤਾ ਨੰ:2 ਬਾਰੇ ਸੂਚਨਾ ਨਹੀਂ ਭੇਜੀ ਗਈ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਕੋਈ ਹਾਜ਼ਰ ਹੀ ਹੋਇਆ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਨੂੰ ਹਦਾਇਤ ਕੀਤੀ ਗਈ ਸੀ ਕਿ ਨੁਕਤਾ ਨੰ:2 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ

ਚਲਦਾ---ਪੰਨਾ/3

ਜਾਵੇ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

5. ਪੇਸ਼ੀ, ਮਿਤੀ 01-11-2018 ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਜ਼ਿਲ੍ਹਾ ਸਿੱਖਿਆ ਅਫਸਰ (ਸ), ਮੋਗਾ ਦੀ ਤਰਫੋਂ ਸ਼੍ਰੀ ਸਤੀਸ਼ ਕੁਮਾਰ, ਸਹਾਇਕ, ਸ਼ਿਕਾਇਤਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਪੇਸ਼ ਹੋਇਆ ਸੀ। ਸਬੰਧਤ ਕਰਮਚਾਰੀ ਵੱਲੋਂ ਪੱਤਰ ਨੰ:ਐਲ.ਏ./ਆਰ.ਟੀ.ਆਈ.-2005/2018/ ਸਪੈਸ਼ਲ, ਮਿਤੀ 01-11-2018 ਸਮੇਤ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਨੁਕਤਾ ਨੰ:3 ਅਤੇ 4 ਦੀ ਸੂਚਨਾ ਪੇਸ਼ ਕੀਤਾ ਗਿਆ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਲੋਕ ਸੂਚਨਾ ਅਧਿਕਾਰੀ, ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ), ਮੋਗਾ ਨੂੰ ਹਦਾਇਤ ਕੀਤੀ ਗਈ ਸੀ ਕਿ ਨੁਕਤਾ ਨੰ:3 ਅਤੇ 4 ਸਬੰਧੀ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਸ਼ਿਕਾਇਤਕਰਤਾ ਨੂੰ ਕਿਹਾ ਗਿਆ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕਿਸੇ ਕਿਸਮ ਦੀ ਤਰੁੱਟੀ ਪਾਈ ਜਾਵੇ ਤਾਂ ਉਸ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਹੀ ਲੋਕ ਸੂਚਨਾ ਅਧਿਕਾਰੀ, ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ), ਮੋਗਾ ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 18-12-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

6. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

7. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੀਨੀਅਰ ਸਹਾਇਕ ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਨੇ ਪੱਤਰ ਨੰ:ਜੀ.1.2018/642, ਮਿਤੀ 17-12-2018 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉਨ੍ਹਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਪ੍ਰਾਰਥੀ ਦੀ ਦਰਖਾਸਤ ਵਿੱਚ ਦਰਜ਼ ਨੁਕਤਾ ਨੰ:02 ਰਾਹੀਂ ਮੰਗੀ ਗਈ ਸੂਚਨਾ ਬਾਰੇ ਪੱਤਰ ਉਨ੍ਹਾਂ ਦੇ ਦਫ਼ਤਰ ਵਿਖੇ ਪ੍ਰਾਪਤ ਨਹੀਂ ਹੋਇਆ ਸੀ। ਜਿਸ ਕਾਰਨ ਪ੍ਰਾਰਥੀ ਨੂੰ ਸੂਚਿਤ ਕਰ ਦਿੱਤਾ ਗਿਆ ਸੀ ਕਿ ਲੜੀ ਨੰ:2 ਅਨੁਸਾਰ ਪੱਤਰ ਨੰ: ਜੀ.1.2018/97-99, ਮਿਤੀ 15-03-2018 ਉਨ੍ਹਾਂ ਦੇ ਦਫ਼ਤਰ ਵਿਖੇ ਪ੍ਰਾਪਤ ਨਹੀਂ ਹੋਇਆ। ਇਸ ਤੋ ਇਲਾਵਾ ਉਨ੍ਹਾਂ ਵੱਲੋਂ ਆਰ.ਟੀ.ਆਈ. ਕਮਿਸ਼ਨ ਨੂੰ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ:ਜੀ.1.2018/3576, ਮਿਤੀ 20-08-2018 ਅਤੇ ਉਨ੍ਹਾਂ ਦੇ ਦਫ਼ਤਰ ਦੇ ਜਵਾਬ ਮਿਤੀ 08-10-2018 ਰਾਹੀਂ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਪ੍ਰਾਰਥੀ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਦਫ਼ਤਰ ਵਿਖੇ ਉਪਲਬਧ ਰਿਕਾਰਡ ਦੇ ਅਧਾਰ ਤੇ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਤੋਂ ਇਲਾਵਾ ਕਮਿਸ਼ਨ ਵੱਲੋਂ ਮਿਤੀ 09-10-2018 ਨੂੰ ਕੀਤੇ ਗਏ ਹੁਕਮਾਂ ਅਨੁਸਾਰ ਪ੍ਰਾਰਥੀ ਨੂੰ ਦੁਬਾਰਾ ਪੱਤਰ ਨੰ:ਜੀ.1/4369, ਮਿਤੀ 18-10-2018 ਰਾਹੀਂ ਰਜਿਸਟਰਡ ਡਾਕ ਰਾਹੀਂ ਭੇਜ਼ ਦਿੱਤੀ ਗਈ ਸੀ ਅਤੇ ਉਤਾਰਾ ਕਮਿਸ਼ਨ

ਚਲਦਾ---ਪੰਨਾ/4

<u>**ਸ਼ਿਕਾਇਤ ਕੇਸ ਨੰ:660 ਆਫ਼ 2018**</u>

ਨੂੰ ਵੀ ਕਰ ਦਿੱਤਾ ਗਿਆ ਸੀ। ਇਸ ਤਰ੍ਹਾਂ ਉਨ੍ਹਾਂ ਵੱਲੋਂ ਕਿਹਾ ਗਿਆ ਹੈ ਕਿ ਪ੍ਰਾਰਥੀ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਪ੍ਰਾਰਥੀ ਦੀ ਸ਼ਿਕਾਇਤ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

8. ਕਮਿਸ਼ਨ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਸਨਮੁੱਖ ਦਫ਼ਤਰੀ ਰਿਕਾਰਡ ਨੂੰ ਗਹੁ ਨਾਲ ਘੋਖਣ ਉਪਰੰਤ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 18 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ(ਸੈਕੰਡਰੀ), ਮੋਗਾ;

ਨੂੰ ਸੂਚਨਾ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਕੇਸ਼ ਪ੍ਰਕਾਸ਼,
ਕੇਸਰ ਐਡਵੋਕੇਟ ਸਟਰੀਟ,
ਨਿਊ ਕੋਰਟ ਰੋਡ,
ਮਾਨਸਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ। ----ਉੱਤਰਦਾਤਾ

**ਸ਼ਿਕਾਇਤ ਕੇਸ ਨੰ:714 ਆਫ 2018**

**ਹਾਜ਼ਰ:**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵਲੋ ਵੀਂ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਹਾਜ਼ਰ ਨਹੀਂ ਹੋਇਆ ਪਰੰਤੂ ਸਹਾਇਕ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਵੱਲੋਂ ਪੰਚਾਇਤੀ ਚੋਣਾਂ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੰ:656/ਆਰ.ਟੀ.ਆਈ., ਮਿਤੀ 17-12-2018 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੰਚਾਇਤੀ ਚੋਣਾਂ ਤੋਂ ਬਾਅਦ ਪੇਸ਼ੀ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 28-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 18 **ਦਸੰਬਰ,** 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਅਦਿੱਤਿਆ ਗੁਪਤਾ,
#29, ਫੇਸ-3, ਅਰਬਨ ਅਸਟੇਟ,
ਪਟਿਆਲਾ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:950 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਾਮਾਗਾਟਾ ਮਾਰੂ ਫੰਕਸ਼ਨ ਮੌਕੇ ਖੇਡੇ ਗਏ ਨਾਟਕ "ਕਾਮਾਗਾਟਾ ਮਾਰੂ-1914 ਇੱਕ ਜ਼ਖਮੀ ਪਰਵਾਜ਼...." ਵਾਸਤੇ ਭਾਰਤ ਸਰਕਾਰ ਵੱਲੋਂ ਜਾਰੀ ਕੀਤੇ ਗਏ ਫੰਡਾਂ ਨੂੰ ਖਰਚੇ ਜਾਣ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 14-11-2018 ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:7363/ਐਸ-।।/384-18/ਆਰ.ਟੀ.ਆਈ. ਸੈੱਲ, ਮਿਤੀ 12-11-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਉਨ੍ਹਾਂ ਦੇ ਦਫ਼ਤਰ ਦੇ ਨੰ:7221/ਐਸ-।।/384-18/ਆਰ.ਟੀ.ਆਈ. ਸੈੱਲ, ਮਿਤੀ 02-11-2018 ਰਾਹੀਂ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਮੰਗੀ ਗਈ ਜਾਣਕਾਰੀ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਸ਼ਿਕਾਇਤਕਰਤਾ ਪੇਸ਼ੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਇਸ ਕਰਕੇ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਉਸ ਬਾਰੇ ਸਿੱਧੇ ਤੌਰ ਦੇ ਲਿਖਤੀ ਰੂਪ ਵਿੱਚ ਉੱਤਰਦਾਤਾ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਫਿਰ ਦੱਸਿਆ ਹੈ ਕਿ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਵਿੱਚ ਉਸ ਵੱਲੋਂ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉੱਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ। ਸ਼ਿਕਾਇਤਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਫਿਰ ਵੀ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 29-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 18 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**